ਨੰ: 3/129/2012-3ਸਿ3/1570

7(5)

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਗੁਰੂ ਸਾਗਰ ਪਬਲਿਕ ਸਕੂਲ,
ਪੰਧੇਰ, ਅੰਮ੍ਰਿਤਸਰ।

ਮਿਤੀ: ਚੰਡੀਗੜ੍ਹ 29/6/2012

ਵਿਸ਼ਾ:- **ਗੁਰੂ ਸਾਗਰ ਪਬਲਿਕ ਸਕੂਲ, ਪੰਧੇਰ, ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ---

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਐ:ਨੰ:3/129/2012-3ਸਿ3/ ਮਿਤੀ, ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/69-2012 ਗ੍ਰਾਂਟ-1(5), ਮਿਤੀ 21-06-2012 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟੋ-ਘੱਟ ਇੱਕ ਵਾਰ ਇਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਗੁਰੂ ਸਾਗਰ ਪਬਲਿਕ ਸਕੂਲ, ਪੰਧੇਰ, ਅੰਮ੍ਰਿਤਸਰ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

<u>ਅੰਦਰੂਨੀ ਵੰਡ</u>

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਧੀਕ ਸਕੱਤਰ ਸਕੂਲ ਸਿੱਖਿਆ, ਪੰਜਾਬ।

## English Version of Punjab NOC

**Government of Punjab**
**Department of Education**
**(Education-3 Branch)**

To

The Principal,
Guru Sagar Public School,
Pandher District Amritsar.

Dated, Chandigarh 29-06-2012

Subject: - Regarding issuance of NOC to Guru Sagar Public School, Pandher District Amritsar for affiliation with C.B.S.E. New Delhi.

----

Sir,

Reference on the subject cited above.

2. After thorough consideration of the documents alongwith Affidavit submitted by the Management of the School and recommendations by District Education Officer (Sr.Sec.), Amritsar and Director, Department of Education (Sr.Sec.), Punjab, Chandigarh, necessary NOC by Government of Punjab is issued on the following conditions:-

1- In future, through any complaint/Inspection, any facts come to the notice that wrong information has been submitted to the Government by you while obtaining an NOC or you do not obey the instructions of the Government issued from time to time and do not comply the written conditions incorporated in the Affidavit, the said NOC is liable to be withdrawn at any time.

2- It will be compulsory to teach Punjabi upto 10th level in your School and CBSE, New Delhi would make efforts to make ensure the examination of Punjabi in such schools and it is also added that non compliance of such condition, NOC would be withdrawn immediately.

NOTARY
Navtej Jit Singh
Distt. Amritsar
Regd. No. 5739
INDIA

Attested to be true Translation
from Punjabi to English

Notary Public for Distt. Amritsar
29 JUN 2016

Contd.. Page 2.

3- School Management would comply the Notification issued by the Government of Punjab, Department of Education under RTE Act, 2009 and rules of RTE Act- 2009 made for the State of Punjab.

4- After obtaining the affiliation from the CBSE New Delhi, School Management would be committed to pay the Salary and other allowances to the teaching and non-teaching staff through account payees cheques like Government employees failing which, the NOC would be withdrawn immediately.

5- You yourself and your Management would also make sure that if any information is needed by the District Education Officer or any Senior Officer of the Education Department, you will have to make available the required information and necessary co-operation may also be given.

Sd/-
Additional Secretary Education.

Endst.No.3/129/2012-3E3/ Dated, Chandigarh,

1. Copy forwarded to the Director Education Department (Sr.Sec.), with reference to their memo No.15/69-2012 Grant-1(5), dated 21-06-2012 with the request that the inspection of the said School may be conducted once in every five years and the inspection report may be sent to the Government to see whether the concerned School is complying the instructions issued by Government in toto or not.

2. The original file of Guru Sagar Public School, Pandher, Amritsar is returned herewith.

Sd/-
Additional Secretary Education.

**Internal Distribution**

1. Private Secretary/Education Minister, Punjab.
2. Private Secretary/Secretary Education, Punjab.
3. Private Secretary/Additional Secretary School Education, Punjab.

NOTARY
Navtej Jit Singh
Distt. Amritsar
Regd. No. 9739
INDIA

Attested to be true Translation from Punjabi to English
Notary Public for Distt. Amritsar
29 JUN 2016